**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁੱਖਚੈਨ ਸਿੰਘ, (94174-72852)
ਪੁੱਤਰ ਸ਼੍ਰੀ ਜੱਗਰ ਸਿੰਘ,
ਪਿੰਡ ਤੇ ਡਾਕਖਾਨਾ ਲਹਿਰਾਗਾਗਾ,
ਖਾਈ ਬਸਤੀ, ਵਾਰਡ ਨੰ:4,
ਜ਼ਿਲ੍ਹਾ ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿਹਤ ਤੇ
ਪਰਿਵਾਰ ਭਲਾਈ ਵਿਭਾਗ ਪੰਜਾਬ,
ਸੈਕਟਰ 34-ਏ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:149/2019**

**ਹਾਜ਼ਰ:-** 1) ਸ਼੍ਰੀ ਸੁੱਖਚੈਨ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਤਾਰ ਸਿੰਘ, ਸੀਨੀਅਰ ਸਹਾਇਕ (94632-35896) ਅਤੇ ਸ਼੍ਰੀ ਸਤੀਸ਼ ਕੁਮਾਰ, ਸੀਨੀਅਰ ਸਹਾਇਕ(80549-57273)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 10-11-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ, ਸੈਕਟਰ 34-ਏ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਮੈਡੀਕਲ ਬਿੱਲ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 06-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 14-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 14-05-2019 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਤਾਰ ਸਿੰਘ, ਸੀਨੀਅਰ ਸਹਾਇਕ ਨੇ ਸੂਚਨਾ ਮੁਹੱਈਆ ਕਰਾਉਣ ਲਈ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਤਾਰ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:ਮੈਡੀਕਲ(4)-ਪੰ-2019/22062, ਮਿਤੀ 26-06-2019 ਰਾਹੀਂ ਆਪਣਾ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਦਾ ਮੈਡੀਕਲ ਕਲੇਮ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:2918, ਮਿਤੀ 06-02-2019 ਰਾਹੀਂ ਸਿਵਲ ਸਰਜਨ, ਸੰਗਰੂਰ ਨੂੰ ਇਤਰਾਜ਼ ਲਗਾ ਕੇ ਸਮੇਤ ਕਲੇਮ ਕਾਰਵਾਈ ਲਈ ਭੇਜਿਆ ਗਿਆ ਹੈ। ਟੈਲੀਫੋਨ ਤੇ ਪ੍ਰਾਪਤ ਹੋਈ ਸੂਚਨਾ ਅਨੁਸਾਰ ਉਨ੍ਹਾਂ ਵੱਲੋਂ ਇਹ ਕਲੇਮ ਚੀਫ਼ ਇੰਜੀਨੀਅਰ ਪਾਵਰ ਕਾਰਪੋਰੇਸ਼ਨ, ਦਿਹਾਤੀ, ਜ਼ਿਲ੍ਹਾ ਸੰਗਰੂਰ ਨੂੰ ਸਿਵਲ ਸਰਜਨ, ਸੰਗਰੂਰ ਦੇ ਡਿਸਪੈਚ ਨੰ:1180, ਮਿਤੀ 22-02-2019 ਰਾਹੀਂ ਇਤਰਾਜ਼ ਦੂਰ ਕਰਨ ਲਈ ਭੇਜਿਆ ਹੋਇਆ ਹੈ। ਸ਼ਿਕਾਇਤਕਰਤਾ ਵੱਲੋਂ ਇਤਰਾਜ਼ ਦੂਰ ਕਰਨ ਉਪਰੰਤ ਉਸ ਦੇ ਕਲੇਮ ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਹੈ ਜਿਸ ਦੀ ਇੱਕ ਕਾਪੀ ਸ਼ਿਕਾਇਤਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ

ਪਰਤੀ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:149/2019

10-11-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 6 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਮਿਤੀ 01-07-2018 ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਕਰ ਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਫੰਡ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 01 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1218/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਜਨ ਸਿੰਘ,
ਪੁੱਤਰ ਸ਼੍ਰੀ ਜਾਗਰ ਸਿੰਘ,
ਮਕਾਨ ਨੰ: ਬੀ-3 -153, ਮੁਹੱਲਾ ਸੈਦਾਂ,
ਘਾਟੀ ਰਾਮਦਾਸੀਆ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 1241/2019**

**ਹਾਜ਼ਰ:-**

1) ਸ਼੍ਰੀ ਭਜਨ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੋਸ਼ੀਆਂ ਬਿੱਲੂ, ਬੰਟੀ, ਜੱਗੀ ਪੁੱਤਰਾਨ ਲੇਟ ਹਰਬੰਸ ਲਾਲ ਦੇ ਖਿਲਾਫ ਵੱਖ-ਵੱਖ ਮਿਤੀਆਂ ਨੂੰ ਵੱਖ-ਵੱਖ ਅਧਿਕਾਰੀਆਂ ਨੂੰ ਦਿੱਤੀਆ ਗਈਆਂ 10 ਦਰਖਾਸਤਾਂ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1241/ਆਰ.ਟੀ.ਆਈ., ਮਿਤੀ 26-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਹੁਤ ਜ਼ਿਆਦਾ ਮਾਤਰਾ ਵਿੱਚ ਹੋਣ ਕਾਰਨ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ: 4552/ਆਰ.ਟੀ.ਆਈ./19 ਐਫ.ਏ, ਮਿਤੀ 31-01-2019 ਰਾਹੀਂ ਲਿਖਿਆ ਗਿਆ ਸੀ ਕਿ ਉਹ ਉਨ੍ਹਾਂ ਦੇ ਦਫ਼ਤਰ ਨਾਲ ਤਾਲਮੇਲ ਕਰਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ ਪਰੰਤੂ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨਾਲ ਤਾਲਮੇਲ ਨਹੀਂ ਕੀਤੀ ਗਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅੱਜ ਫਿਰ ਕਿਹਾ ਗਿਆ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਆ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਇਸ ਮਾਮਲੇ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਉਸ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਜਨ ਸਿੰਘ,
ਪੁੱਤਰ ਸ਼੍ਰੀ ਜਾਗਰ ਸਿੰਘ,
ਮਕਾਨ ਨੰ: ਬੀ-3 -153, ਮੁਹੱਲਾ ਸੈਦਾਂ,
ਘਾਟੀ ਰਾਮਦਾਸੀਆ, ਲੁਧਿਆਣਾ। --------ਅਪੀਲਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 1242/2019**

**ਹਾਜ਼ਰ:-**

1) ਸ਼੍ਰੀ ਭਜਨ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੋਸ਼ੀਆਂ ਬਿੱਲੂ, ਬੰਟੀ, ਜੱਗੀ ਪੁੱਤਰਾਨ ਲੇਟ ਹਰਬੰਸ ਲਾਲ ਦੇ ਖਿਲਾਫ ਵੱਖ-ਵੱਖ ਮਿਤੀਆਂ ਨੂੰ ਵੱਖ-ਵੱਖ ਅਧਿਕਾਰੀਆਂ ਨੂੰ ਦਿੱਤੀਆ ਗਈਆਂ 10 ਦਰਖਾਸਤਾਂ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1242/ਆਰ.ਟੀ.ਆਈ., ਮਿਤੀ 26-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:225/ਐਫ.ਏ./ਆਰ.ਟੀ.ਆਈ., ਮਿਤੀ 07-08-2018 ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਆ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਇਸ ਮਾਮਲੇ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਉਸ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਕੁਲਜੀਤ ਕੌਰ, (96465-91161)
ਪਤਨੀ ਸ਼੍ਰੀ ਕਸਤੂਰੀ ਲਾਲ,
ਨੇੜੇ ਬਾਬਾ ਈਸ਼ਰ ਸਿੰਘ ਸਕੂਲ,
ਸੰਚਾਰ ਕਲੌਨੀ, ਬੀ.ਆਰ.ਐਸ.ਨਗਰ,
ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ ਆਫ ਪਲਿਸ,
ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:322/2019**

**ਹਾਜ਼ਰ:-** 1) ਸ਼੍ਰੀਮਤੀ ਕੁਲਜੀਤ ਕੌਰ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 15-01-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ ਪਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮ੍ਰਿਤਕ ਕੁਲਵੀਰ ਸਿੰਘ ਉਰਫ ਸੋਨੂੰ ਪੁੱਤਰ ਕਸਤੂਰੀ ਲਾਲ ਉਰਫ ਦਿਆਲ ਸਿੰਘ ਦੀ ਕੈਮੀਕਲ ਐਗਜ਼ਾਮੀਨਰ ਖਰੜ ਤੋਂ ਆਈ ਵਿਸਰਾ ਰਿਪੋਰ ਬਾਬਤ ਪੀ.ਐਮ.ਆਰ/ਜੀ..ਐਸ.ਬੀ./64/15, ਮਿਤੀ 09-05-2015 ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 26-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:ਏ.ਸੀ. 322/ਆਰ.ਟੀ.ਆਈ., ਮਿਤੀ 29-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸ਼ਿਕਾਇਤਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:191/ਐਫ.ਏ./ਆਰ.ਟੀ.ਆਈ., ਮਿਤੀ 31-01-2019 ਰਾਹੀਂ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮੇਸ਼ ਕੁਮਾਰ, (98781-09228)
ਮਕਾਨ ਨੰ: 231, ਵੀਰ ਕਲੋਨੀ,
ਬਠਿੰਡਾ-151001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਪੰਜਾਬ ਸਰਕਾਰ,
ਪ੍ਰਸੋਨਲ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:326/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 18-06-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਪੰਜਾਬ ਸਰਕਾਰ, ਸ਼ਿਕਾਇਤ ਨਿਵਾਰਣ ਵਿਭਾਗ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਪ੍ਰਧਾਨ ਮੰਤਰੀ ਜੀ ਨੂੰ ਚੇਅਰਮੈਨ, ਪੰਜਾਬ ਲੋਕ ਸੇਵਾ ਕਮਿਸ਼ਨ ਵਿਰੁੱਧ ਕੀਤੀ ਗਈ ਸ਼ਿਕਾਇਤ (ਰਜਿਸਟਰੇਸ਼ਨ ਨੰ:ਪੀ.ਐਮ.ਓ.ਪੀ.ਜੀ./ਡੀ/2018/0115788, ਮਿਤੀ 26-03-2018) ਬਾਰੇ ਸੂਚਨਾ ਮੰਗੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਪ੍ਰਸੋਨਲ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਪੰਜਾਬ ਸਰਕਾਰ, ਸ਼ਿਕਾਇਤ ਨਿਵਾਰਣ ਵਿਭਾਗ, ਵੱਲੋਂ ਆਪਣੇ ਪੱਤਰ ਨੰ:8/6/2018-5ਸਿਨਿ/432, ਮਿਤੀ 26-06-2018 ਰਾਹੀਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਸਕੱਤਰ, ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ, ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 29-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 27-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 01 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਘਾ ਪੁਰਾਣਾ,
ਜ਼ਿਲ੍ਹਾ ਮੋਗਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਘਾ ਪੁਰਾਣਾ,
ਜ਼ਿਲ੍ਹਾ ਮੋਗਾ। -----ਉੱਤਰਦਾਤਾ

**ਅਪੀਲ ਕੇਸ ਨੰ:1154/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨਰਿੰਦਰ ਕੌਰ, ਸੀਨੀਅਰ ਸਹਾਇਕ-ਸਹਾਇਕ ਲੋਕ ਸੂਚਨਾ ਅਧਿਕਾਰੀ (98789-47678)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨਰਿੰਦਰ ਕੌਰ, ਸੀਨੀਅਰ ਸਹਾਇਕ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:60/ਐਸ.ਡੀ.ਸੀ.-4, ਮਿਤੀ 28-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਉਪ ਮੰਡਲ ਮੈਜਿਸਟਰੇਟ, ਬਾਘਾ ਪੁਰਾਣਾ,ਦੇ ਦਫ਼ਤਰ ਵੱਲੋਂ ਪੱਤਰ ਨੰ:47, ਮਿਤੀ 21-01-2019 ਅਤੇ ਪਹਿਲੀ ਅਪੀਲੀ ਅਥਾਰਟੀ ਦੇ ਦਫ਼ਤਰ ਵੱਲੋ ਪੱਤਰ ਨੰ:51, ਮਿਤੀ 08-02-2019 ਰਾਹੀਂ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 01 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯਸ਼ਪਾਲ ਮਾਨਵੀ, (94635-86655)
ਮਕਾਨ ਨੰ:205, ਐੱਸ.ਬੀ.ਐੱਸ ਕਲੋਨੀ,
ਰਾਜਪੁਰਾ ਟਾਊਨ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਸ਼ਾਸਕੀ ਸੁਧਾਰ ਵਿਭਾਗ, ਪੰਜਾਬ,
ਸੈਕਟਰ-9, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਪ੍ਰਸ਼ਾਸਕੀ ਸੁਧਾਰ, ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:1172/2019**

**ਹਾਜ਼ਰ:-**

1) ਸ਼੍ਰੀ ਯਸ਼ਪਾਲ ਮਾਨਵੀ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਨੇਕ ਸਿੰਘ, ਸੁਪਰਡੰਟ (94173-81779) ਅਤੇ ਸ਼੍ਰੀ ਸਰਬਜੀਤ ਸਿੰਘ, ਸੀਨੀਅਰ ਸਹਾਇਕ (96460-33480)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਸ਼ਾਸਕੀ ਸੁਧਾਰ ਵਿਭਾਗ, ਪੰਜਾਬ, ਸੈਕਟਰ-9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕੇਂਦਰ ਸਰਕਾਰ ਦੇ ਡੀ.ਓ.ਪੀ.ਟੀ. ਦੇ ਪੱਤਰ, ਮਿਤੀ 15-12-2017 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਹਰਨੇਕ ਸਿੰਘ, ਸੁਪਰਡੰਟ ਨੇ ਕਿਹਾ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਅਪੀਲਕਰਤਾ ਨਾਲ ਟੈਲੀਫੋਨ ਤੇ ਕੀਤੀ ਗਈ ਗੱਲ ਅਨੁਸਾਰ ਅਪੀਲਕਰਤਾ ਕਿਸੇ ਤਰ੍ਹਾਂ ਦੀ ਸੂਚਨਾ ਲੈਣਾ ਨਹੀਂ ਚਾਹੁੰਦਾ ਅਤੇ ਇਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:11/1/2018-4ਪ੍ਰ.ਸੁ.1/1508155/1, ਮਿਤੀ 25-06-2019 ਰਾਹੀਂ ਪਹਿਲਾਂ ਹੀ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਭੇਜੇ ਗਏ ਜਵਾਬ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਹਾਜ਼ਰ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਐੱਮ.ਆਰ. ਮਦਾਨ, (98726-25736)
746-ਏ, ਵੇਦਾਂਤ ਨਗਰ, ਮੋਗਾ-142001. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਧਾਨ, ਟਾਊਨ ਹਾਲ ਕਲੱਬ, ਮੋਗਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਕਮਿਸ਼ਨਰ ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:1181/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਯੱਗ ਦੱਤ ਸ਼ਰਮਾ, ਐਡਵੋਕੇਟ (94639-77750) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਦੇਵ ਸਿੰਘ ਹੁੰਦਲ, ਸਕੱਤਰ, ਟਾਊਨ ਹਾਲ ਕਲੱਬ, ਮੋਗਾ (98150-50121) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਗੁਰਪਾਲ ਸਿੰਘ ਬਰਾੜ, ਸੀਨੀਅਰ ਸਹਾਇਕ (98764-01203)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2017, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਧਾਨ, ਟਾਊਨ ਹਾਲ ਕਲੱਬ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਏ.ਸੀ. (ਜੀ)-ਕਮ-ਸੰਯੁਕਤ ਸਕੱਤਰ (ਸ਼੍ਰੀ ਹਰਪ੍ਰੀਤ ਸਿੰਘ ਅਟਵਾਲ), ਟਾਊਨ ਹਾਲ ਕਲੱਬ, ਮੋਗਾ ਵੱਲੋਂ ਜਾਰੀ ਕੀਤੀ ਗਈ ਰਿਪੋਰਟ, ਮਿਤੀ 13-07-2017 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-01-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਯੱਗ ਦੱਤ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਸ਼੍ਰੀ ਗੁਰਪਾਲ ਸਿੰਘ ਬਰਾੜ, ਸੀਨੀਅਰ ਸਹਾਇਕ ਦਫ਼ਤਰ ਕਮਿਸ਼ਨਰ ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੇ ਕਿਹਾ ਹੈ ਕਿ ਇਸ ਕੇਸ ਵਿੱਚ ਉਨ੍ਹਾਂ ਦਾ ਦਫਤਰ ਪਹਿਲੀ ਅਪੀਲੀ ਅਥਾਰਟੀ ਨਹੀਂ ਹੈ ਅਤੇ ਇਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2166, ਮਿਤੀ 19-06-2019 ਰਾਹੀਂ ਕਮਿਸ਼ਨ ਅਤੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼੍ਰੀ ਸੁਖਦੇਵ ਸਿੰਘ ਹੁੰਦਲ, ਸਕੱਤਰ, ਟਾਊਨ ਹਾਲ ਕਲੱਬ, ਮੋਗਾ ਨੇ ਪੱਤਰ ਨੰ:ਟੀ.ਐਚ.ਸੀ./016/2019-20, ਮਿਤੀ 30-06-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਸਕੱਤਰ, ਟਾਊਨ ਹਾਲ ਕਲੱਬ, ਮੋਗਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਉਨ੍ਹਾਂ ਦੀ ਸੰਸਥਾ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਕੇਂਦਰ ਸਰਕਾਰ ਜਾਂ ਰਾਜ ਸਰਕਾਰ ਦੇ ਕੰਟਰੋਲ ਅਧੀਨ ਨਹੀਂ ਹੈ ਕਿਉਂ ਕਿ ਉਹ ਕਿਸੇ ਵੀ ਤਰ੍ਹਾਂ ਦੀ ਕੋਈ ਵਿੱਤੀ ਸਹਾਇਤਾ ਸਰਕਾਰ ਕੋਲੋਂ ਪ੍ਰਾਪਤ ਨਹੀਂ ਕਰ ਰਹੀ। ਇਸ ਕਰਕੇ ਉਨ੍ਹਾਂ ਦਾ ਕਲੱਬ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਾ ਆਉਣ ਕਰਕੇ ਲੋਕ ਅਥਾਰਟੀ ਵੀ ਨਹੀਂ ਹੈ ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਇਸ ਸਬੰਧੀ ਮਾਣਯੋਗ ਸਿਵਲ ਅਦਾਲਤ, ਮੋਗਾ ਵਿਖੇ ਸਿਵਲ ਸੂਟ ਵੀ ਦਾਇਰ ਕੀਤੀ ਹੋਈ ਹੈ ਜੋ ਕਿ ਅਜੇ ਫੈਸਲੇ ਲਈ ਲੰਬਿਤ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋਂ ਇਸ ਬਾਰੇ ਅਪੀਲਕਰਤਾ ਨੂੰ ਆਪਣਾ ਜਵਾਬ ਵੀ ਪਹਿਲਾਂ ਹੀ ਭੇਜਿਆ ਜਾ ਚੁੱਕਾ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਇਸ ਅਪੀਲ ਨੂੰ ਕਾਸਟ ਸਹਿਤ ਡਿਸਮਿਸ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਯੱਗ ਦੱਤ ਸ਼ਰਮਾ, ਐਡਵੋਕੇਟ, ਇਹ ਸਾਬਤ ਕਰਨ ਵਿੱਚ ਅਸਫਲ ਰਹੇ ਹਨ

ਪਰਤੋ ਜੀ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1181/2019

ਕਿ ਟਾਊਨ ਹਾਲ ਕਲੱਬ, ਮੋਗਾ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਕੇਂਦਰ ਸਰਕਾਰ ਜਾਂ ਰਾਜ ਸਰਕਾਰ ਦੇ ਕੰਟਰੋਲ ਅਧੀਨ ਹੈ ਅਤੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਇਸ ਕਰਕੇ ਸ਼੍ਰੀ ਸੁਖਦੇਵ ਸਿੰਘ ਹੁੰਦਲ, ਸਕੱਤਰ, ਟਾਊਨ ਹਾਲ ਕਲੱਬ, ਮੋਗਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 01 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ। --------ਉੱਤਰਦਾਤਾ

**ਅਪੀਲ ਕੇਸ ਨੰ:1193/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ. (98767-93919) ਦਫਤਰ ਡਾਇਰੈਕਟਰ ਜਨਰਲ ਆਫ ਪੁਲਿਸ ਪੰਜਾਬ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਪੁਲਿਸ ਵੱਲੋਂ ਗੈਰਕਾਨੂੰਨੀ ਕਬਜ਼ੇ ਅਤੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਨ ਬਾਰੇ ਸ਼ਿਮਲਾ ਗਰਗ ਵੱਲੋਂ ਮਿਤੀ 15-10-2018 ਨੂੰ ਈ.ਮੇਲ ਰਾਹੀਂ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 01-07-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ. ਦਫਤਰ ਡਾਇਰੈਕਟਰ ਜਨਰਲ ਆਫ ਪੁਲਿਸ ਪੰਜਾਬ ਨੇ ਪੱਤਰ ਨੰ:539 /ਆਰ.ਟੀ.ਆਈ./ਸੀ.ਸੀ., ਮਿਤੀ 26-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:188/ਆਰ.ਟੀ.ਆਈ./ਸੀ.ਸੀ., ਮਿਤੀ 05-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ, (95920-35595)
#7-ਬੀ, ਮਜੀਠੀਆ ਇਨਕਲੇਵ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਨਗਰ ਨਿਗਮ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੰਯੁਕਤ ਕਮਿਸ਼ਨਰ,
ਨਗਰ ਨਿਗਮ, ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ: 1219/2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਸਿੰਘ, ਅਪੀਲਕਰਤਾ ਵੱਲੋਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਪਾਲ ਸਿੰਘ, ਉਪ ਮੰਡਲ ਅਫਸਰ (96460-50700)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਜੀਠੀਆ ਇਨਕਲੇਵ, ਪਟਿਆਲਾ ਵਿਖੇ ਮਕਾਨ ਨੰ:137-139 ਦੇ ਸਾਹਮਣੇ ਬਣਾਏ ਗਏ ਸਪੀਡ ਬ੍ਰੇਕਰਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 05-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਪਾਲ ਸਿੰਘ, ਉਪ ਮੰਡਲ ਅਫਸਰ ਅਪੀਲਕਰਤਾ ਨੂੰ ਸੂਚਨਾ ਦੇਣ ਜਾਂ ਨਾ ਦੇਣ ਬਾਰੇ ਕੋਈ ਜਵਾਬ ਪੇਸ਼ ਨਹੀਂ ਕਰ ਸਕੇ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਕਿ ਇਸ ਸਬੰਧੀ ਜਵਾਬ ਕਾਰਜਕਾਰੀ ਇੰਜੀਨੀਅਰ (ਸ਼੍ਰੀ ਸ਼ਾਮ ਲਾਲ ਗੁਪਤਾ) ਹੀ ਦੇ ਸਕਦੇ ਹਨ। ਇਸ ਲਈ ਸ਼੍ਰੀ ਸ਼ਾਮ ਲਾਲ ਗੁਪਤਾ ਕਾਰਜਕਾਰੀ ਇੰਜੀਨੀਅਰ ਦਫਤਰ ਕਮਿਸ਼ਨਰ ਨਗਰ ਨਿਗਮ, ਪਟਿਆਲਾ, ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸਮੇਂ ਸਿਰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 01 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ, (94170-10035)
121-ਏ, ਕ੍ਰਿਸ਼ਨਾ ਸੁਕੇਅਰ-2,
ਬਟਾਲਾ ਰੋਡ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:523/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ (80549-66004)।

**ਹੁਕਮ:**

ਅਪੀਲਕਰਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਵੀ ਈ.ਮੇਲ, ਮਿਤੀ 30-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 26-03-2019 ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਉਸ ਦੀ ਪਹਿਲੀ ਅਪੀਲ ਦੀ ਸੁਣਵਾਈ ਨਹੀਂ ਕੀਤੀ ਗਈ ਅਤੇ ਨਾ ਹੀ ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਅਜੇ ਤੱਕ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ। ਇਸ ਲਈ ਅਪੀਲਕਰਤਾ ਨੇ ਬੇਨਤੀ ਕੀਤੀ ਹੈ ਕਿ ਪਹਿਲੀ ਅਪੀਲੀ ਅਥਾਰਟੀ ਵਿਰੁੱਧ ਕਾਰਵਾਈ ਕੀਤੀ ਜਾਵੇ ਅਤੇ ਅਪੀਲਕਰਤਾ ਨੂੰ ਅੱਜ ਦੀ ਸੁਣਵਾਈ ਤੋਂ ਛੋਟ ਦਿੰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਵਾਈ ਜਾਵੇ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ ਨੇ ਕਿਹਾ ਕਿ ਇਸ ਕੇਸ ਵਿੱਚ ਅਪੀਲਕਰਤਾ ਨੂੰ ਐਲ.ਓ.( ਕਾਨੂਨੀ ਅਫਸਰ-ਸ਼੍ਰੀ ਅੰਮ੍ਰਿਤ ਸਿੰਘ) ਵੱਲੋਂ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਕੇ ਸੂਚਨਾ ਮੁਹੱਈਆ ਕਰਵਾਈ ਜਾਣੀ ਹੈ ਕਿਉਂਕਿ ਇਸ ਕੇਸ ਨਾਲ ਸਬੰਧਤਰ ਰਿਕਾਰਡ ਉਨ੍ਹਾਂ ਕੋਲ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਵੱਲੋਂ ਐਲ.ਓ. ਨੂੰ ਮਿਤੀ 29-05-2019 ਨੂੰ ਲਿਖਤੀ ਰੂਪ ਵਿੱਚ ਬੇਨਤੀ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਨਿਯਮਾਂ ਮੁਤਾਬਿਕ ਇੰਸਪੈਕਸ਼ਨ ਕਰਵਾਈ ਜਾਵੇ ਪਰੰਤੂ ਐਲ.ਓ. ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਲਈ ਸ਼੍ਰੀ ਅੰਮਿਤ ਸਿੰਘ, ਐਲ.ਓ. ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸਮੇਂ ਸਿਰ ਰਿਕਾਰਡ ਦੀ ਇੰਸਪੈਕਸ਼ਨ ਨਾ ਕਰਾਉਣ ਅਤੇ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ।

3. ਪਹਿਲੀ ਅਪੀਲੀ ਅਥਾਰਟੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼੍ਰੀ ਅੰਮ੍ਰਿਤ ਸਿੰਘ, ਐਲ.ਓ. ਵੱਲੋਂ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਵਿਸ਼ੇਸ਼ ਧਿਆਨ ਨਾ ਦੇਣ ਕਾਰਨ ਉਸ ਵਿਰੁੱਧ ਬਣਦੀ ਕਾਰਵਾਈ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਤੋਂ ਇਲਾਵਾ ਇਸ ਕੇਸ ਦੀ ਦੁਬਾਰਾ ਸੁਣਵਾਈ ਕਰਕੇ 20 ਦਿਨਾਂ ਦੇ ਅੰਦਰ ਫੈਸਲਾ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 01 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ, (94170-10035)
121-ਏ, ਕ੍ਰਿਸ਼ਨਾ ਸੁਕੇਅਰ-2,
ਬਟਾਲਾ ਰੋਡ, ਅੰਮ੍ਰਿਤਸਰ।                ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।                ------ਉੱਤਰਦਾਤਾ

**ਅਪੀਲ ਕੇਸ ਨੰ:526/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਿਲਾਵਰ ਸਿੰਘ, ਈ.ਏ. (95011-04891) ਅਤੇ ਸ਼੍ਰੀ ਵਿਕਾਸ ਕੁਮਾਰ, ਕਲਰਕ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪ੍ਰਾਪਰਟੀਜ਼ ਦੀ ਆਈ.ਡੀਜ਼ ਜਾਰੀ ਕਰਨ ਵਾਸਤੇ ਸੈਂਟਰਲ ਕਮਰਸ਼ੀਅਲ ਇੰਡਸਟਰੀ ਆਫ਼ ਇੰਡੀਆ ਨਾਲ ਕੀਤੇ ਗਏ ਮੁਕੰਮਲ ਕੰਟ੍ਰੈਕਟ/ਐਗਰੀਮੈਂਟ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਵੀ ਈ.ਮੇਲ, ਮਿਤੀ 30-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 26-03-2019 ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਉਸ ਦੀ ਪਹਿਲੀ ਅਪੀਲ ਦੀ ਸੁਣਵਾਈ ਨਹੀਂ ਕੀਤੀ ਗਈ।ਇਸ ਤੋਂ ਇਲਾਵਾ ਉਸ ਵਲੋਂ ਇਹ ਵੀ ਕਿਹਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਅਜੇ ਤੱਕ ਨਾ ਤਾਂ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਗਈ ਹੈ ਅਤੇ ਨਾ ਹੀ ਰਿਕਾਰਡ ਦੀ ਇੰਸਪੈਕਸ਼ਨ ਹੀ ਕਰਵਾਈ ਗਈ ਹੈ। ਇਸ ਲਈ ਅਪੀਲਕਰਤਾ ਨੇ ਬੇਨਤੀ ਕੀਤੀ ਹੈ ਕਿ ਪਹਿਲੀ ਅਪੀਲੀ ਅਥਾਰਟੀ ਨੂੰ ਪਹਿਲੀ ਅਪੀਲ ਦੀ ਸੁਣਵਾਈ ਕਰਨ ਲਈ ਸਖਤ ਹਦਾਇਤ ਕੀਤੀ ਜਾਵੇ ਅਤੇ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕੀਤੀ ਜਾਵੇ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਿਲਾਵਰ ਸਿੰਘ, ਈ.ਏ. ਨੇ ਪੱਤਰ ਨੰ:37, ਮਿਤੀ 20-03-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਨੁਕਤਾ ਨੰ:3,4,5 ਅਤੇ 7 ਬਾਰੇ ਅਪੀਲਕਰਤਾ ਨੂੰ ਪਹਿਲਾਂ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 23-03-2019 ਨੂੰ ਆਪਣੇ ਹਸਤਾਖਰਾਂ ਹੇਠ ਸੂਚਨਾ ਪ੍ਰਾਪਤ ਕੀਤੀ ਹੋਈ ਹੈ। ਬਾਕੀ ਰਹਿੰਦੀ ਨੁਕਤਾ ਨੰ:1,2,6,8 ਅਤੇ 9 ਬਾਰੇ ਹਾਜ਼ਰ ਉੱਤਰਦਾਤਾ ਵੱਲੋਂ ਪੱਤਰ ਨੰ:ਐਸ.ਈ./ਓ.ਈ.ਐਮ./230, ਮਿਤੀ 08-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਇਸ ਬਾਰੇ ਵੀ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:526/2019**

ਕਾਰਵਾਈ ਦੀ ਲੋੜ ਨਹੀਂ ਹੈ। ਪਰ ਇਹ ਵੀ ਵੇਖਿਆ ਗਿਆ ਹੈ ਪਹਿਲੀ ਅਪੀਲੀ ਅਥਾਰਟੀ ਵੱਲੋ ਕਮਿਸ਼ਨ ਦੇ ਹੁਕਮਾਂ ਦੀ ਪ੍ਰਵਾਹ ਨਾ ਕਰਦੇ ਹੋਏ ਅਪੀਲਕਰਤਾ ਦੀ ਸੁਣਵਾਈ ਨਹੀਂ ਕੀਤੀ ਗਈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਪਹਿਲੀ ਅਪੀਲੀ ਅਥਾਰਟੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਸੁਚੇਤ ਰਹਿਣ ਦੀ ਚਿਤਾਵਨੀ ਦਿੱਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 01 **ਜੁਲਾਈ,** 2019. — **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ, (94170-10035)
121-ਏ, ਕ੍ਰਿਸ਼ਨਾ ਸੁਕੇਅਰ-2,
ਬਟਾਲਾ ਰੋਡ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:527/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ (80549-66004)।

**ਹੁਕਮ:**

ਅਪੀਲਕਰਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਵੀ ਈ.ਮੇਲ, ਮਿਤੀ 30-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 26-03-2019 ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਉਸ ਦੀ ਪਹਿਲੀ ਅਪੀਲ ਦੀ ਸੁਣਵਾਈ ਨਹੀਂ ਕੀਤੀ ਗਈ ਅਤੇ ਨਾ ਹੀ ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਅਜੇ ਤੱਕ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ। ਇਸ ਲਈ ਅਪੀਲਕਰਤਾ ਨੇ ਬੇਨਤੀ ਕੀਤੀ ਹੈ ਕਿ ਪਹਿਲੀ ਅਪੀਲੀ ਅਥਾਰਟੀ ਵਿਰੁੱਧ ਕਾਰਵਾਈ ਕੀਤੀ ਜਾਵੇ ਅਤੇ ਅਪੀਲਕਰਤਾ ਨੂੰ ਅੱਜ ਦੀ ਸੁਣਵਾਈ ਤੋਂ ਛੋਟ ਦਿੰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਵਾਈ ਜਾਵੇ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ ਨੇ ਕਿਹਾ ਕਿ ਇਸ ਕੇਸ ਵਿੱਚ ਅਪੀਲਕਰਤਾ ਨੂੰ ਐਲ.ਓ.( ਕਾਨੂਨੀ ਅਫਸਰ-ਸ਼੍ਰੀ ਅੰਮ੍ਰਿਤ ਸਿੰਘ) ਵੱਲੋਂ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਕੇ ਸੂਚਨਾ ਮੁਹੱਈਆ ਕਰਵਾਈ ਜਾਣੀ ਹੈ ਕਿਉਂਕਿ ਇਸ ਕੇਸ ਨਾਲ ਸਬੰਧਤਰ ਰਿਕਾਰਡ ਉਨ੍ਹਾਂ ਕੋਲ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਵੱਲੋਂ ਐਲ.ਓ. ਨੂੰ ਮਿਤੀ 29-05-2019 ਨੂੰ ਲਿਖਤੀ ਰੂਪ ਵਿੱਚ ਬੇਨਤੀ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਨਿਯਮਾਂ ਮੁਤਾਬਿਕ ਇੰਸਪੈਕਸ਼ਨ ਕਰਵਾਈ ਜਾਵੇ ਪਰੰਤੂ ਐਲ.ਓ. ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਲਈ ਸ਼੍ਰੀ ਅੰਮਿਤ ਸਿੰਘ, ਐਲ.ਓ. ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸਮੇਂ ਸਿਰ ਰਿਕਾਰਡ ਦੀ ਇੰਸਪੈਕਸ਼ਨ ਨਾ ਕਰਾਉਣ ਅਤੇ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ।

3. ਪਹਿਲੀ ਅਪੀਲੀ ਅਥਾਰਟੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼੍ਰੀ ਅੰਮ੍ਰਿਤ ਸਿੰਘ, ਐਲ.ਓ. ਵੱਲੋਂ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਵਿਸ਼ੇਸ਼ ਧਿਆਨ ਨਾ ਦੇਣ ਕਾਰਨ ਉਸ ਵਿਰੁੱਧ ਬਣਦੀ ਕਾਰਵਾਈ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਤੋਂ ਇਲਾਵਾ ਇਸ ਕੇਸ ਦੀ ਦੁਬਾਰਾ ਸੁਣਵਾਈ ਕਰਕੇ 20 ਦਿਨਾਂ ਦੇ ਅੰਦਰ ਫੈਸਲਾ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**